# ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼

**ਗੁਰਦੀਪ ਭੱਲੜੀ • ਪੰਜਾਬੀ ਜਾਗਰਣ**

**ਨੰਗਲ :** ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਦੀ ਗਤੀਸ਼ੀਲ ਅਗਵਾਈ ਹੇਠ ਚੱਲ ਰਹੀ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨੰਗਲ ਲੜਕੇ ਤੇ ਆਈਟੀਆਈ ਨੰਗਲ ਇਸਤਰੀਆਂ ਵਿਖੇ ਅੱਜ ਲੋਹੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਦੀ ਅਗਵਾਈ ਹੇਠ ਕਰਵਾਏ ਗਏ ਇਸ ਵਿਸ਼ੇਸ਼ ਸਮਾਗਮ ਮੌਕੇ ਸ੍ਰੀ ਗੁਰੂ ਰਵੀਦਾਸ ਆਯੁਰਵੇਦ ਯੂਨੀਵਰਸਿਟੀ ਦੇ ਚੇਅਰਮੈਨ ਡਾ. ਸੰਜੀਵ ਗੌਤਮ ਵਲੋਂ ਬਤੌਰ ਮੁੱਖ ਮਹਿਮਾਨ ਤੇ ਨੰਗਲ ਥਾਣਾ ਮੁੱਖੀ ਰਾਹੁਲ ਸ਼ਰਮਾ, ਤਹਿਸੀਲ ਆਗੂ ਗੁਰਜਿੰਦਰ ਸਿੰਘ ਸ਼ੋਕਰ, ਸੁਮਿਤ ਕੁਮਾਰ ਤਲਵਾੜਾ ਅਤੇ ਮਨਜੋਤ ਸਿੰਘ ਰਾਣਾ ਵਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।



ਆਈਟੀਆਈ ਨੰਗਲ ਵਿਖੇ ਲੋਹੜੀ ਦਾ ਤਿਉਹਾਰ ਮਨਾਉਂਦੇ ਹੋਏ ਸਟਾਫ ਮੈਂਬਰ।

ਇਸ ਸਮੂਹ ਸਟਾਫ ਵਲੋਂ ਇਕੱਠੇ ਹੋ ਕੇ ਲੋਹੜੀ ਬਾਲੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਸੰਜੀਵ ਗੌਤਮ ਵਲੋਂ ਸਮੂਹ ਸਟਾਫ ਅਤੇ ਸਿਖਿਆਰਥੀਆਂ ਨੂੰ ਲੋਹੜੀ ਦੀ ਵਧਾਈ ਦਿੰਦਿਆਂ ਲੋਹੜੀ ਦੇ ਤਿਉਹਾਰ ਦੀ ਇਤਿਹਾਸਿਕ ਮਹੱਤਤਾ ਵਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਰਲ ਮਿਲ ਕੇ ਤਿਉਹਾਰ ਮਨਾਉਣ ਨਾਲ ਸਮਾਜਿਕ ਅਤੇ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਜਿਥੇ ਵੱਖ ਵੱਖ ਧਾਰਮਿਕ ਮਾਨਤਾਵਾਂ ਨਾਲ ਜੁੜਿਆ ਹੋਇਆ ਹੈ, ਉਥੇ ਇਹ ਤਿਉਹਾਰ ਭਾਈਚਾਰਕ ਸਾਂਝ ਦਾ ਪ੍ਰਤੀਕ ਹੈ। ਇਸ ਮੌਕੇ ਆਏ ਪਤਵੰਤੇ ਸੱਜਣਾ ਦਾ ਧੰਨਵਾਦ ਕਰਦਿਆਂ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਸਮੂਹ ਸਟਾਫ ਮੈਂਬਰਾਂ ਨੂੰ ਲੋਹੜੀ ਦੇ ਤਿਉਹਾਰ ਦੀ ਵਧਾਈ ਦਿੱਤੀ।

ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਨੁਸਾਰ ਆਈਟੀਆਈ ਦੀ ਕਾਇਆ ਕਲਪ ਕਰਨ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਜਿਸ ਤਹਿਤ ਆਈਟੀਆਈ ਨੂੰ ਆਧੁਨਿਕ ਮਸ਼ੀਨਰੀ ਅਤੇ ਸਾਜੋ ਸਮਾਨ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਆਈਟੀਆਈ ਨੰਗਲ ਭਵਿੱਖ ਵਿੱਚ ਸੰਸਥਾ ਦੀ ਚੜ੍ਹਦੀ ਕਲਾ ਲਈ ਕੰਮ ਕਰਦਾ ਰਹੇਗਾ। ਇਸ ਮੌਕੇ ਆਈਟੀਆਈ ਦੀਆਂ ਸਿਖਿਆਰਥੀਆਂ ਅਤੇ ਸਿਖਿਆਰਥਣਾਂ ਵਲੋਂ ਭੰਗੜਾ, ਗਿੱਧਾ ਤੇ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ, ਜਿਸ ਨੂੰ ਸਮੂਹ ਸਟਾਫ ਅਤੇ ਹਾਜ਼ਰੀਨ ਵਲੋਂ ਖੂਬ ਸਲਾਹਿਆ ਗਿਆ। ਸਟੇਜ ਸਕੱਤਰ ਦੀ ਡਿਊਟੀ ਗੁਰਦੀਪ ਕੁਮਾਰ ਵਲੋਂ ਬਾਖੂਬੀ ਨਿਭਾਈ ਗਈ।

ਇਸ ਮੌਕੇ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ, ਟਰੇਨਿੰਗ ਅਫਸਰ ਅਸ਼ਵਨੀ ਕੁਮਾਰ, ਵਰਿੰਦਰ ਸਿੰਘ, ਸੁਪਰਡੈਂਟ ਰਿਸ਼ੀਪਾਲ, ਦਲਜੀਤ ਸਿੰਘ, ਗੁਰਦੀਪ ਕੁਮਾਰ, ਵਰਿੰਦਰ ਸਿੰਘ ਬੰਜ, ਬਲਵਿੰਦਰ ਕੁਮਾਰ, ਸੀਨੀਅਰ ਸਹਾਇਕ ਅਸ਼ਵਨੀ ਕੁਮਾਰ ਸ਼ਰਮਾ, ਅਕਾਸ਼ਦੀਪ, ਮਨਪ੍ਰੀਤ ਸਿੰਘ, ਅਸ਼ੋਕ ਕੁਮਾਰ, ਹਰਮਿੰਦਰ ਸਿੰਘ, ਵਿਜੈ ਕੁਮਾਰ, ਸੁਨੀਤਾ ਦੇਵੀ, ਅਮਨਦੀਪ ਸਿੰਘ, ਅੰਜੂ ਕਪਿਲਾ, ਹਰਵਨੀਤ ਕੌਰ ਭੰਗਲ, ਗੁਰਨਾਮ ਕੌਰ, ਗਿਤਾਂਜਲੀ ਸ਼ਰਮਾ, ਸੰਦੀਪ, ਰਿਸ਼ੀਪਾਲ, ਹਰਪ੍ਰੀਤ ਸਿੰਘ, ਸੁਮਿਤ ਕੁਮਾਰ, ਸੁਖਵਿੰਦਰ ਸਿੰਘ, ਮਨਿੰਦਰ ਸਿੰਘ, ਪੂਰਨ ਚੰਦ, ਚੰਦਨ, ਸੰਜੀਵ, ਮਾਇਆ ਦੇਵੀ, ਪੂਰਨ ਚੰਦ, ਚੰਦਨ ਤੋਂ ਇਲਾਵਾ ਆਈਟੀਆਈ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।



